# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 09-12-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਔਰਤਾਂ ਵਿੱਚ ਵਿੱਤੀ ਸਾਖਰਤਾ ਅਤੇ ਬੀਮਾ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ, ਪਾਣੀਪਤ ਵਿੱਚ ਬੀਮਾ ਸਖੀ ਯੋਜਨਾ ਦੀ ਕੀਤੀ ਸ਼ੁਰੂਆਤ।

- ਪ੍ਰਧਾਨ ਮੰਤਰੀ ਨੇ ਜੈਪੁਰ ਵਿੱਚ ,ਰਾਈਜ਼ਿੰਗ ਰਾਜਸਥਾਨ ਆਲਮੀ ਸਿਖਰ ਸੰਮੇਲਨ ਦਾ ਉਦਘਾਟਨ ਕੀਤਾ-ਕਿਹਾ ਭਾਰਤ, ਦੁਨੀਆ ਸਾਹਮਣੇ, ਲੋਕਤੰਤਰ, ਜਨਸੰਖਿਆ ਅਤੇ ਡਾਟੇ ਦੀ ਅਸਲ ਸ਼ਕਤੀ ਦਾ ਪ੍ਰਦਰਸ਼ਨ ਕਰ ਰਿਹਾ ਏ।

- ਸੀਮਾ ਸੁਰੱਖਿਆ ਬਲ ਨੇ ਘੁਸਪੈਠ ਦੀ ਕੋਸ਼ਿਸ਼ ਨੂੰ ਨਾਕਾਮ ਕਰਦਿਆਂ ਅੰਮ੍ਰਿਤਸਰ ਸਰਹੱਦ 'ਤੇ ਪਾਕਿਸਤਾਨੀ ਘੁਸਪੈਠੀਏ ਨੂੰ ਮਾਰ ਗਿਰਾਇਆ ।

- ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ 'ਪੰਜਾਬ ਸਟੇਟ (ਡਿਵੈਲਪਮੈਂਟ ਅਤੇ ਪ੍ਰਮੋਸ਼ਨ ਆਫ਼ ਸਪੋਰਟਸ) ਐਕਟ, 2024 ਨੂੰ ਲਾਗੂ ਕਰਨ ਵਾਲਾ, ਪੰਜਾਬ, ਦੇਸ਼ ਦਾ ਪਹਿਲਾ ਸੂਬਾ ਬਣਿਆ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਔਰਤਾਂ ਵਿੱਚ ਵਿੱਤੀ ਸਾਖਰਤਾ ਅਤੇ ਬੀਮਾ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ ਹਰਿਆਣਾ ਦੇ ਪਾਣੀਪਤ, ਵਿੱਚ ਬੀਮਾ ਸਖੀ ਯੋਜਨਾ ਦੀ ਸ਼ੁਰੂਆਤ ਕੀਤੀ। ਭਾਰਤੀ ਜੀਵਨ ਬੀਮਾ ਨਿਗਮ ਦੀ ਇਹ ਪਹਿਲਕਦਮੀ, 18 ਤੋਂ 70 ਸਾਲ ਦੀ ਉਮਰ ਵਰਗ ਦੀਆਂ ਔਰਤਾਂ ਨੂੰ ਸਸ਼ਕਤ ਕਰੇਗੀ। ਇਸ ਯੋਜਨਾ ਤਹਿਤ 10ਵੀਂ ਪਾਸ ਔਰਤਾਂ ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਜਾਵੇਗੀ ਅਤੇ ਪਹਿਲੇ ਤਿੰਨ ਸਾਲਾਂ ਲਈ ਮਹੀਨਾਵਾਰ ਭੱਤਾ ਦਿੱਤਾ ਜਾਵੇਗਾ। ਪ੍ਰਧਾਨ ਮੰਤਰੀ ਨੇ ਸੰਭਾਵੀ ਬੀਮਾ ਸਾਖੀਆਂ ਨੂੰ ਨਿਯੁਕਤੀ ਸਰਟੀਫਿਕੇਟ ਵੰਡੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਪਿਛਲੇ ਦਸ ਸਾਲਾਂ ਵਿੱਚ ਮਹਿਲਾ ਸਸ਼ਕਤੀਕਰਨ ਲਈ ਬੇਮਿਸਾਲ ਕਦਮ ਚੁੱਕੇ ਨੇ। ਉਨ੍ਹਾਂ ਕਿਹਾ ਕਿ ਦੇਸ਼ ਨੇ ਬੀਮਾ ਸਾਖੀ ਸਕੀਮ ਦੀ ਸ਼ੁਰੂਆਤ ਨਾਲ, ਮਹਿਲਾ

ਸਸ਼ਕਤੀਕਰਨ ਵੱਲ ਕਦਮ ਪੁੱਟਿਆ ਏ । ਸ਼੍ਰੀ ਮੋਦੀ ਨੇ ਔਰਤਾਂ ਦੇ ਸਸ਼ਕਤੀਕਰਨ ਲਈ ਹੋਰ ਮੌਕੇ ਪ੍ਰਦਾਨ ਕਰਨ 'ਤੇ ਜ਼ੋਰ ਦਿੱਤਾ । ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਕੁਝ ਸਾਲ ਪਹਿਲਾਂ ਪਾਣੀਪਤ ਤੋਂ ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਦੀ ਸ਼ੁਰੂਆਤ ਕੀਤੀ ਸੀ ।

**BYTE:**

ਇਸ ਮੌਕੇ ਸ਼੍ਰੀ ਮੋਦੀ ਨੇ ਕਰਨਾਲ ਵਿੱਚ ਮਹਾਰਾਣਾ ਪ੍ਰਤਾਪ ਬਾਗਬਾਨੀ ਯੂਨੀਵਰਸਿਟੀ ਦੇ ਮੁੱਖ ਕੈਂਪਸ ਦਾ ਨੀਂਹ ਪੱਥਰ ਵੀ ਰੱਖਿਆ । 495 ਏਕੜ ਵਿੱਚ ਫੈਲਿਆ ਇਹ ਕੈਂਪਸ ਅਤੇ 6 ਖੇਤਰੀ ਖੋਜ ਕੇਂਦਰ 700 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਸਥਾਪਿਤ ਕੀਤੇ ਜਾਣਗੇ। ਇਸ ਯੂਨੀਵਰਸਿਟੀ ਵਿੱਚ ਅੰਡਰ ਗਰੈਜੂਏਟ ਅਤੇ ਪੋਸਟ ਗ੍ਰੈਜੂਏਟ ਪੜ੍ਹਾਈ ਲਈ, ਇੱਕ ਬਾਗਬਾਨੀ ਕਾਲਜ ਅਤੇ ਬਾਗਬਾਨੀ ਦੇ 10 ਖੇਤਰਾਂ ਨਾਲ ਸਬੰਧਤ ਪੰਜ ਸਕੂਲ ਹੋਣਗੇ । ਇਹ ਫਸਲੀ ਵਿਭਿੰਨਤਾ ਅਤੇ ਬਾਗਬਾਨੀ ਤਕਨੀਕਾਂ ਦੇ ਵਿਕਾਸ ਲਈ ਵਿਸ਼ਵ ਪੱਧਰੀ ਖੋਜ ਲਈ ਕੰਮ ਕਰੇਗਾ । ਇਸ ਮੌਕੇ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਸਰਕਾਰ ਨੇ ਬੀਮਾ ਸਾਖੀ ਯੋਜਨਾ ਤਹਿਤ ਤਿੰਨ ਸਾਲਾਂ

ਵਿੱਚ ਦੋ ਲੱਖ ਤੋਂ ਵੱਧ ਔਰਤਾਂ ਨੂੰ ਭਰਤੀ ਕਰਨ ਦਾ ਟੀਚਾ ਰੱਖਿਆ ਹੈ। ਇਸਤੋਂ ਪਹਿਲੇ ਪ੍ਰਧਾਨ ਮੰਤਰੀ ਨੇ ਜੈਪੁਰ ਵਿੱਚ ,ਰਾਈਜ਼ਿੰਗ ਰਾਜਸਥਾਨ ਆਲਮੀ ਸਿਖਰ ਸੰਮੇਲਨ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਏ ਕਿ ਦੇਸ਼ ਆਤਮ-ਨਿਰਭਰ ਬਣਨ ਦੇ ਰਾਹ 'ਤੇ ਅੱਗੇ ਵੱਧ ਰਿਹਾ ਏ। ਸਵੈ-ਨਿਰਭਰ ਭਾਰਤ, ਮੁਹਿੰਮ ਵਿਸ਼ਵਵਿਆਪੀ ਏ ਅਤੇ ਇਸਦਾ ਪ੍ਰਭਾਵ ਵੀ ਵਿਸ਼ਵਵਿਆਪੀ ਏ। ਇਸ ਦੇ ਲਈ ਸਰਕਾਰ, ਸੰਪੂਰਨ ਪਹੁੰਚ ਨਾਲ ਅੱਗੇ ਵਧ ਰਹੀ ਏ । ਉਨ੍ਹਾਂ ਕਿਹਾ ਕਿ ਦੁਨੀਆ ਦੇ ਨਿਵੇਸ਼ਕ ਅਤੇ ਮਾਹਿਰ, ਭਾਰਤ ਨੂੰ ਲੈ ਕੇ ਕਾਫੀ ਉਤਸ਼ਾਹਿਤ ਨੇ । ਅੱਜ ਰਿਫੋਰਮ, ਪ੍ਰਫੋਰਮ ਤੇ ਟ੍ਰਾਂਸਫੋਰਮ ਯਾਨੀ ਸੁਧਾਰ ,ਕਾਰਗੁਜ਼ਾਰੀ ਅਤੇ ਕਾਇਆ ਪਲਟ ਦੇ ਮੰਤਰ ਤੇ ਚਲਦੇ ਹੋਏ, ਭਾਰਤ ਨੇ ਜੋ ਵਿਕਾਸ ਕੀਤਾ ਏ, ਉਹ ਹਰ ਖੇਰਤ ਵਿੱਚ ਨਜ਼ਰ ਆਉਂਦਾ ਏ। ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਦੀ ਸਫ਼ਲਤਾ, ਲੋਕਤੰਤਰ, ਜਨਸੰਖਿਆ, ਡਿਜੀਟਲ ਡੇਟਾ ਅਤੇ ਡਿਲੀਵਰੀ ਦੀ ਸ਼ਕਤੀ ਵਿੱਚ ਝਲਕਦੀ ਏ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਲੋਕਤੰਤਰ ਮਜ਼ਬੂਤ ਏ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਵਿਕਾਸ ਦੇ ਰਾਹ 'ਤੇ

ਅੱਗੇ ਲਿਜਾਣ 'ਚ, ਨੌਜਵਾਨ ,ਆਬਾਦੀ ਅਤੇ ਅੰਕੜੇ ਅਹਿਮ ਭੂਮਿਕਾ ਨਿਭਾ ਰਹੇ ਨੇ ।

**BYTE:**

ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਵਿੱਚ, ਵਿਦੇਸ਼ੀ ਸੈਲਾਨੀਆਂ ਦੀ ਗਿਣਤੀ ਵਿੱਚ ਲਗਾਤਾਰ ਵਾਧਾ ਹੋ ਰਿਹਾ ਏ ਅਤੇ ਘਰੇਲੂ ਸੈਰ ਸਪਾਟੇ ਵਿੱਚ ਵੀ ਨਵੇਂ ਰਿਕਾਰਡ ਬਣ ਰਹੇ ਨੇ । ਉਨ੍ਹਾਂ ਕਿਹਾ ਕਿ ਸਰਕਾਰ, ਸੂਖਮ ਲਾਗਹੁ ਤੇ ਦਰਮਿਆਨੇ ਉਦਯੋਗਾਂ ਬਾਰੇ ਆਪਣੀਆਂ ਨੀਤੀਆਂ ਅਤੇ ਫੈਸਲਿਆਂ ਨਾਲ,ਇਸ ਖੇਤਰ ਨੂੰ ਲਗਾਤਾਰ ਮਜ਼ਬੂਤ ਕਰ ਰਹੀ ਏ । ਉਨ੍ਹਾਂ ਕਿਹਾ ਕਿ ਇਸ ਵਿੱਚ ਉਮਰ ਦੀ ਕੋਈ ਪਾਬੰਦੀ ਨਹੀਂ ਹੋਵੇਗੀ ਅਤੇ 18 ਤੋਂ 70 ਸਾਲ ਤੱਕ ਦੀਆਂ ਔਰਤਾਂ ਇਸ ਦਾ ਲਾਭ ਲੈ ਸਕਣਗੀਆਂ। ਵਿੱਤ ਮੰਤਰੀ ਨੇ ਕਿਹਾ ਕਿ ਔਰਤਾਂ ਦੀ ਭਲਾਈ ਅਤੇ ਸਸ਼ਕਤੀਕਰਨ ਨਾਲ ਸਬੰਧਤ ਯੋਜਨਾਵਾਂ ਲਈ 3 ਲੱਖ ਤੀਹ ਹਜ਼ਾਰ ਕਰੋੜ ਰੁਪਏ ਦੀ ਰਾਸ਼ੀ ਰੱਖੀ ਗਈ ਏ । ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਇਨ੍ਹਾਂ ਯੋਜਨਾਵਾਂ ਕਾਰਨ ਹਰਿਆਣਾ ਵਿੱਚ

ਲੜਕਾ-ਲੜਕੀ ਅਨੁਪਾਤ ਵਿੱਚ ਸੁਧਾਰ ਹੋਇਆ ਏ ਅਤੇ ਇੱਕ ਹਜ਼ਾਰ ਮੁੰਡਿਆਂ ਦੇ ਮੁਕਾਬਲੇ ਕੁੜੀਆਂ ਦੀ ਗਿਣਤੀ 900 ਹੋ ਗਈ ਏ।

---------------------------------------------------

ਸੀਮਾ ਸੁਰੱਖਿਆ ਬਲ ਨੇ ਘੁਸਪੈਠ ਦੀ ਕੋਸ਼ਿਸ਼ ਨੂੰ ਨਾਕਾਮ ਕਰਦਿਆਂ ਅੰਮ੍ਰਿਤਸਰ ਸਰਹੱਦ 'ਤੇ ਪਾਕਿਸਤਾਨੀ ਘੁਸਪੈਠੀਏ ਨੂੰ ਮਾਰ ਦਿਤਾ ਏ। ਬੀਤੀ ਰਾਤ ਡਿਊਟੀ 'ਤੇ ਤਾਇਨਾਤ ਬੀ.ਐਸ.ਐਫ ਦੇ ਚੌਕਸ ਜਵਾਨਾਂ ਨੇ ਇੱਕ ਪਾਕਿਸਤਾਨੀ ਘੁਸਪੈਠੀਏ ਦੀ ਸ਼ੱਕੀ ਗਤੀਵਿਧੀ ਦੇਖੀ, ਜਿਸ ਨੇ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਮਾਹਾਵਾ ਨੇੜੇ ਕੌਮਾਂਤਰੀ ਸਰਹੱਦ ਪਾਰ ਕੀਤੀ ਅਤੇ ਹਨੇਰੇ ਦਾ ਫਾਇਦਾ ਉਠਾਉਂਦੇ ਹੋਏ, ਸਰਹੱਦੀ ਸੁਰੱਖਿਆ ਵਾੜ ਵੱਲ ਵਧਣਾ ਸ਼ੁਰੂ ਕਰ ਦਿੱਤਾ। ਜਵਾਨਾਂ ਨੇ ਤੁਰੰਤ ਘੁਸਪੈਠੀਏ ਨੂੰ ਚੇਤਾਵਨੀ ਦਿੱਤੀ ਜਿਸ ਨੂੰ ਨਜ਼ਰਅੰਦਾਜ਼ ਕਰਕੇ ਉਹ ਸੁਰੱਖਿਆ ਵਾੜ ਵੱਲ ਭੱਜਣ ਲੱਗਾ। ਉਸਦੇ ਹਮਲਾਵਰ ਇਸ਼ਾਰੇ ਨੂੰ ਦੇਖਦੇ ਹੋਏ, ਡਿਊਟੀ 'ਤੇ ਤਾਇਨਾਤ ਜਵਾਨਾਂ ਨੇ ਅੱਗੇ ਵਧ ਰਹੇ ਘੁਸਪੈਠੀਏ 'ਤੇ ਗੋਲੀਬਾਰੀ ਕਰ ਦਿੱਤੀ ਅਤੇ ਉਸ ਨੂੰ ਮੌਕੇ 'ਤੇ ਹੀ ਮਾਰ ਗਿਰਾਇਆ। ਤਲਾਸ਼ੀ ਲੈਣ 'ਤੇ ਇਕ ਪਿੱਠੂ ਬੈਗ ਮਿਲਿਆ ਜਿਸ ਵਿਚ

ਕੁਝ ਕੱਪੜੇ ਅਤੇ ਮੁਲਾਜ਼ਮਾਂ ਦਾ ਸਾਮਾਨ ਬਰਾਮਦ ਹੋਇਆ। ਪਾਕਿਸਤਾਨੀ ਘੁਸਪੈਠੀਏ ਦੀ ਮ੍ਰਿਤਕ ਦੇਹ ਨੂੰ ਅਗਲੀ ਕਾਰਵਾਈ ਲਈ ਥਾਣਾ ਘਰਿੰਡਾ ਦੇ ਹਵਾਲੇ ਕਰ ਦਿੱਤਾ ਗਿਆ ਏ।

-----------------------------------------------------------

NCC ਗਰੁੱਪ ਜਲੰਧਰ ਦੇ ਸੀਨੀਅਰ ਡਿਵੀਜ਼ਨ ਦੇ ਕੈਡਿਟ, ਜਲੰਧਰ ਛਾਉਣੀ ਵਿਖੇ ਆਰਟਿਲਰੀ ਰੈਜੀਮੈਂਟ ਨਾਲ 12 ਦਿਨਾਂ ਦੀ ਫੌਜੀ ਸਿਖਲਾਈ ਲੈ ਰਹੇ ਨੇ। ਇਹ ਕੈਡਿਟ ਇੱਕ ਸਿਪਾਹੀ ਦੇ ਰੋਜ਼ਮਰ੍ਹਾ ਦੇ ਕਾਰਜ ਅਤੇ ਜ਼ਿੰਮੇਵਾਰੀਆਂ ਨੂੰ ਸਿੱਖ ਰਹੇ ਨੇ। ਕੈਡਿਟਾਂ ਨੇ ਸਿੱਖ ਲਾਈਟ ਇਨਫੈਂਟਰੀ ਬਟਾਲੀਅਨ ਦਾ ਦੌਰਾ ਕੀਤਾ ਅਤੇ ਉਨ੍ਹਾਂ ਦੇ ਹਥਿਆਰਾਂ ਅਤੇ ਉਨ੍ਹਾਂ ਦੀ ਫਾਇਰ ਪਾਵਰ ਬਾਰੇ ਸਿੱਖਿਆ। ਤੋਪਖਾਨਾ ਰੈਜੀਮੈਂਟ ਦੀਆਂ ਵੱਖ-ਵੱਖ ਤੋਪਾਂ ਨੂੰ ਦੇਖਿਆ ਅਤੇ ਉਨ੍ਹਾਂ ਦੀ 30 ਤੋਂ 35 ਕਿਲੋਮੀਟਰ ਦੀ ਰੇਂਜ ਨੂੰ ਵਿਸਥਾਰ ਨਾਲ ਸਮਝਿਆ। ਕੈਡਿਟਾਂ ਨੇ ਹਵਾਈ ਰੈਜੀਮੈਂਟ ਵਿੱਚ ਚੇਤਕ, ਚੀਤਾ ਅਤੇ ਧਰੁਵ ਹੈਲੀਕਾਪਟਰ ਦੇਖੇ ਅਤੇ ਦੂਰ-ਦੁਰਾਡੇ ਖੇਤਰਾਂ ਵਿੱਚ ਪੁਨਰ ਖੋਜ, ਮੈਡੀਕਲ, ਲੜਾਈ ਅਤੇ ਆਫ਼ਤ ਪ੍ਰਬੰਧਨ ਦੀਆਂ ਫੌਜੀ ਜ਼ਿੰਮੇਵਾਰੀਆਂ ਨੂੰ ਸਮਝਿਆ। ਓਹਨਾ ਨੇ ਇੰਜੀਨੀਅਰ ਰੈਜੀਮੈਂਟ ਵਿਚ

ਵੱਖ-ਵੱਖ ਉਪਕਰਨ ਅਤੇ ਯੁੱਧ ਵਿਚ ਫ਼ੌਜ ਦੀਆਂ ਮੁੱਖ ਜ਼ਿੰਮੇਵਾਰੀਆ ਬਾਰੇ ਸਿੱਖਿਆ ਅਤੇ ਵੱਖ-ਵੱਖ ਰੈਜੀਮੈਂਟਾਂ ਦੇ ਇਤਿਹਾਸ, ਉਨ੍ਹਾਂ ਦੇ ਸੰਗਠਨ, ਕੰਮਕਾਜ ਅਤੇ ਟੀਮ ਭਾਵਨਾ ਬਾਰੇ ਜਾਣਕਾਰੀ ਹਾਸਲ ਕੀਤੀ। ਕੈਡਿਟਾਂ ਨੇ ਫ਼ੌਜ ਦੇ ਸਾਰੇ ਧਾਰਮਿਕ ਸਥਾਨਾਂ 'ਤੇ ਅਰਦਾਸ ਕੀਤੀ ਅਤੇ ਧਰਮ ਤੋਂ ਉੱਪਰ ਉੱਠ ਕੇ ਰਾਸ਼ਟਰਵਾਦ ਦੀ ਸਿੱਖਿਆ ਨੂੰ ਗ੍ਰਹਿਣ ਕੀਤਾ। ਕੈਡਿਟਾਂ ਨੇ ਦੱਸਿਆ ਕਿ ਸਾਨੂੰ ਇੱਥੇ ਬਹੁਤ ਕੁਝ ਸਿੱਖਣ ਨੂੰ ਮਿਲਿਆ। ਹਰ ਨਾਗਰਿਕ ਨੂੰ ਭਾਰਤੀ ਫੌਜ ਤੋਂ ਇਹ ਸਿੱਖਣਾ ਚਾਹੀਦਾ ਏ ਕਿ ਦੇਸ਼ ਵਿਅਕਤੀ ਅਤੇ ਸਮਾਜ ਤੋਂ ਉੱਪਰ ਏ।

**Byte:**

2 ਪੰਜਾਬ ਐਨ.ਸੀ.ਸੀ ਬਟਾਲੀਅਨ ਦੇ ਕਮਾਂਡਿੰਗ ਅਫਸਰ, ਕਰਨਲ ਵਿਨੋਦ ਜੋਸ਼ੀ ਨੇ ਕਿਹਾ ਕਿ ਹਰ ਸਾਲ ਐਨ.ਸੀ.ਸੀ ਦੇਸ਼ ਵਿੱਚ ਸਤਾਰਾਂ ਤਰ੍ਹਾਂ ਦੇ ਕੈਂਪ ਲਗਾਉਂਦੀ ਏ। ਫੌਜੀ ਰੈਜੀਮੈਂਟਾਂ ਨਾਲ ਸਬੰਧਤ ਇਹ ਕੈਂਪ ਦਿਲਚਸਪ, ਉਤਸੁਕਤਾ ਅਤੇ ਦੇਸ਼ ਭਗਤੀ ਨਾਲ ਭਰਿਆ ਹੋਇਆ ਏ।

---

ਅੰਮ੍ਰਿਤਸਰ ਪੁਲਿਸ ਨੇ ਇੱਕ ਵਿਅਕਤੀ ਨੂੰ 5 ਕਿਲੋ 100 ਗ੍ਰਾਮ ਹੈਰੋਇਨ

ਸਮੇਤ ਕਾਬੂ ਕੀਤਾ ਏ । ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦਸਿਆ ਕਿ ਫੜੇ ਗਏ ਦੋਸ਼ੀ ਦੀ ਪਛਾਣ ਗੁਰਵੀਰ ਸਿੰਘ ਵਜੋਂ ਹੋਈ ਏ , ਜੋ ਫ਼ਿਰੋਜ਼ਪੁਰ ਦੇ ਸਿਵਲ ਸਰਜਨ ਦਾ ਡਰਾਈਵਰ ਏ। ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਦੇ CIA ਸਟਾਫ ਨੇ, ਲੁਹਾਰਕਾ ਸੜਕ 'ਤੇ ਨਾਕਾਬੰਦੀ ਕਰਕੇ ਇਸਨੂੰ ਗਿਰਫ਼ਤਾਰ ਕੀਤਾ ,ਉਸ ਕੋਲੋਂ 5 ਕਿਲੋ 100 ਗ੍ਰਾਮ ਹੈਰੋਇਨ ਅਤੇ ਕਾਰ ਵੀ ਬਰਾਮਦ ਕੀਤੀ ਏ । ਦੋਸ਼ੀ ਪਿਛਲੇ ਤਿੰਨ ਮਹੀਨਿਆਂ ਤੋਂ ਨਸ਼ਾ ਵੇਚਣ ਵਿੱਚ ਸਰਗਰਮ ਸੀ । ਗੁਰਵੀਰ ਸਿੰਘ ਦਾ ਇੱਕ ਹੋਰ ਸਾਥੀ ਵੀ ਏ ਜਿਸ ਨੂੰ ਅਜੇ ਤੱਕ ਗ੍ਰਿਫ਼ਤਾਰ ਨਹੀਂ ਕੀਤਾ ਗਿਆ । ਪੁਲਿਸ ਨੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਏ ।

---------------------------------------------------------

ਪੰਜਾਬ ਹੋਮ ਗਾਰਡਜ਼ ਅਤੇ ਸਿਵਲ ਡਿਫੈਂਸ ਦੇ ਹੁਸ਼ਿਆਰਪੁਰ ਸਥਿਤ ਸਿਖਲਾਈ ਕੇਂਦਰ ਵਿਖੇ, 62ਵਾਂ ਹੋਮ ਗਾਰਡਜ਼ ਦਿਵਸ ਮਨਾਇਆ ਗਿਆ। ਸਥਾਪਨਾ ਦਿਵਸ ਵਿਚ ਵੱਖ-ਵੱਖ ਸਖਸ਼ੀਅਤਾਂ ਤੋਂ ਇਲਾਵਾ ਸਟਾਫ ਅਤੇ ਵੱਖ-ਵੱਖ ਥਾਣਿਆਂ ਤੋਂ ਪੰਜਾਬ ਹੋਮ ਗਾਗਡਜ਼ ਦੇ ਜਵਾਨਾਂ

ਨੇ ਹਿੱਸਾ ਲਿਆ। ਪੰਜਾਬ ਹੋਮ ਗਾਰਡਜ਼ ਦੇ ਜ਼ਿਲ੍ਹਾ ਕਮਾਂਡਰ ਨੇ ਪੂਰੀ ਮਿਹਨਤ, ਲਗਨ ਅਤੇ ਇਮਾਨਦਾਰੀ ਨਾਲ ਡਿਊਟੀ ਨਿਭਾਉਣ ਵਾਲੇ ਜਵਾਨਾਂ ਨੂੰ ਸ਼ਲਾਘਾ ਪੱਤਰ ਦੇ ਕੇ ਸਨਮਾਨਿਤ ਕੀਤਾ।

---------------------------------------------------------

ਸਿਹਤ ਵਿਭਾਗ ਬਰਨਾਲਾ ਵੱਲੋਂ ਕੌਮੀ ਵਲੰਟੀਅਰ ਖ਼ੂਨਦਾਨ ਦਿਵਸ ਨੂੰ ਸਮਰਪਿਤ ਖ਼ੂਨਦਾਨ ਕਰਨ ਵਾਲੀਆਂ ਸੰਸਥਾਵਾਂ ਅਤੇ ਖ਼ੂਨਦਾਨੀਆਂ ਦਾ ਸਨਮਾਨ ਸਮਾਗਮ ਕਰਵਾਇਆ ਗਿਆ। ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਪ੍ਰਵੇਸ਼ ਕੁਮਾਰ ਨੇ ਦੱਸਿਆ ਕਿ ਸਮਾਜ ਸੇਵੀ ਸੰਸਥਾਵਾਂ ਸਨਮਾਨ ਦੀਆਂ ਹੱਕਦਾਰ ਨੇ ਕਿਉਂਕਿ ਇਨਾ ਵੱਲੋਂ ਖ਼ੂਨ ਦਾਨ ਕੈਂਪ ਲਗਾ ਕੇ, ਸਿਹਤ ਵਿਭਾਗ ਨੂੰ ਆਤਮ ਨਿਰਭਰ ਬਣਾਇਆ ਗਿਆ ਏ। ਉਨ੍ਹਾਂ ਕਿਹਾ ਕਿ ਖ਼ੂਨਦਾਨ ਕਰਕੇ ਅਸੀਂ ਸੜਕ ਹਾਦਸੇ, ਐਮਰਜ਼ੈਂਸੀ ਸਮੇਂ, ਗੰਭੀਰ ਬਿਮਾਰੀਆਂ, ਗਰਭਵਤੀ ਔਰਤਾਂ 'ਚ ਜਣੇਪੇ ਸਮੇਂ ਖ਼ੂਨ ਦੀ ਘਾਟ ਸਮੇਂ ਬਹੁਤ ਸਾਰੀਆਂ ਕੀਮਤੀ ਜਾਨਾਂ ਬਚਾ ਸਕਦੇ ਆ। ਡਾ.ਅਮੋਲਦੀਪ ਕੋਰ ਨੇ ਦਸਿਆ ਕਿ ਇਸ ਸਾਲ ਅਪ੍ਰੈਲ ਤੋਂ ਹੁਣ ਤੱਕ ਤਿੰਨ ਹਜ਼ਾਰ 488 ਯੂਨਿਟ ਖ਼ੂਨ ਬਲੱਡ ਬੈਂਕ ਵੱਲੋਂ ਇਕੱਤਰ ਕੀਤਾ

ਗਿਆ ਜਿਸ ਵਿੱਚ 60 ਫੀਸਦੀ ਯੋਗਦਾਨ ਖੂਨਦਾਨ ਸਮਾਜ ਸੇਵੀ ਸੰਸਥਾਵਾਂ ਦਾ ਏ।

---------------------------------------------------------------

ਪੰਜਾਬ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਵੱਡੀ ਪਹਿਲਕਦਮੀ ਕਰਦਿਆਂ ਪੰਜਾਬ ਅੱਜ 'ਪੰਜਾਬ ਸਟੇਟ (ਡਿਵੈਲਪਮੈਂਟ ਅਤੇ ਪ੍ਰਮੋਸ਼ਨ ਆਫ਼ ਸਪੋਰਟਸ) ਐਕਟ, 2024 ਨੂੰ ਲਾਗੂ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਗਈ ਏ, ਜਿਸ ਨਾਲ ਪੰਜਾਬ ਇਸ ਐਕਟ ਨੂੰ ਲਾਗੂ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਏ। ਖੇਡ ਵਿਭਾਗ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਐਕਟ ਦਾ ਮੁੱਖ ਉਦੇਸ਼, ਸੂਬੇ ਵਿੱਚ ਖੇਡਾਂ ਦੇ ਵਿਕਾਸ ਲਈ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਵਰਤੇ ਜਾਂਦੇ ਚੰਗੇ ਅਮਲਾਂ ਨੂੰ ਅਪਨਾਉਣਾ ਅਤੇ ਖਿਡਾਰੀਆਂ ਦੀ ਨਿਰਪੱਖ ਚੋਣ ਨੂੰ ਯਕੀਨੀ ਬਣਾਉਣਾ ਏ। ਉਨ੍ਹਾਂ ਕਿਹਾ ਕਿ ਇਹ ਖੇਡ ਐਸੋਸੀਏਸ਼ਨਾਂ ਦੇ ਕੰਮਕਾਜ ਵਿੱਚ ਪਾਰਦਰਸ਼ਤਾ ਲਈ ਕਾਨੂੰਨੀ ਢਾਂਚਾ ਤਿਆਰ ਕਰਨ ਵਾਸਤੇ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਕਿਹਾ ਕਿ ਇਸ ਨਾਲ ਅਜਿਹੇ ਖਿਡਾਰੀਆਂ

ਦੀ ਨਿਰਪੱਖ ਚੋਣ ਨੂੰ ਵੀ ਯਕੀਨੀ ਬਣਾਇਆ ਜਾਵੇਗਾ ਜੋ ਸੂਬਾ ਪੱਧਰ ‘ਤੇ ਆਪਣੇ ਜ਼ਿਲ੍ਹਿਆਂ ਦੀ ਨੁਮਾਇੰਦਗੀ ਕਰਨਗੇ ਜਾਂ ਕੌਮੀ ਪੱਧਰ ‘ਤੇ ਆਪਣੇ ਸੂਬੇ ਦੀ ਅਤੇ ਕੌਮਾਂਤਰੀ ਪੱਧਰ ‘ਤੇ ਦੇਸ਼ ਦੀ ਨੁਮਾਇੰਦਗੀ ਕਰਨਗੇ।

-----------------------------------------------------

ਪੰਜਾਬ ਸਰਕਾਰ ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ ਵਲੋ ਫਰੀਦਕੋਟ ਜਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ ਸੀਜਨ-3 ਤਹਿਤ, ਬਾਸਕਿਟਬਾਲ ਅਤੇ ਤਾਇਕਵਾਂਡੋ ਦੀਆਂ ਸੂਬਾ ਪੱਧਰੀ ਖੇਡ ਮੁਕਾਬਲੇ ਦੇ ਨਹਿਰੂ ਸਟੇਡੀਅਮ ਵਿੱਚ ਸ਼ੁਰੂ ਹੋਏ । ਇਨ੍ਹਾਂ ਖੇਡਾਂ ਵਿੱਚ ਵੱਖ-ਵੱਖ 5 ਉਮਰ ਵਰਗਾਂ ਦੇ ਖੇਡ ਮੁਕਾਬਲੇ ਕਰਵਾਏ ਜਾ ਰਹੇ ਨੇ । ਇਹਨਾਂ ਖੇਡਾ ਦੀ ਸ਼ੁਰੂਆਤ ਮੌਕੇ ਫਰੀਦਕੋਟ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਅੰਤਰ-ਰਾਸ਼ਟਰੀ ਬਾਸਕਿਟ ਬਾਲ ਖਿਡਾਰੀ ਪਾਲਪ੍ਰੀਤ ਸਿੰਘ ਬਰਾੜ ਵਿਸ਼ੇਸ ਮਹਿਮਾਨ ਵਜੋਂ ਸ਼ਾਮਲ ਹੋਏ। ਵਿਧਾਇਕ ਨੇ ਉਨ੍ਹਾਂ ਖਿਡਾਰੀਆਂ ਦੀ ਹੌਂਸਲਾ ਅਫਜਾਈ ਕਰਦੇ ਹੋਏ ਕਿਹਾ ਕਿ ਜੇਕਰ ਮੁਕਾਬਲੇ ਵਿੱਚ ਉਨ੍ਹਾਂ ਨੂੰ ਹਾਰ

ਤੋਂ ਘਬਰਾਉਣ ਦੀ ਜਰੂਰਤ ਨਹੀਂ, ਬਲਕਿ ਉਹ ਅਗਲੇ ਮੁਕਾਬਲੇ ਲਈ ਹੋਰ ਮਿਹਨਤ ਕਰਨ। ਉਨ੍ਹਾਂ ਕਿਹਾ ਕਿ ਜਿੱਤਣ ਵਾਲੇ ਖਿਡਾਰੀਆਂ ਨੂੰ ਪੰਜਾਬ ਸਰਕਾਰ ਵੱਲੋਂ ਇਨਾਮ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

---

**ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਔਰਤਾਂ ਵਿੱਚ ਵਿੱਤੀ ਸਾਖਰਤਾ ਅਤੇ ਬੀਮਾ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ, ਪਾਣੀਪਤ ਵਿੱਚ ਬੀਮਾ ਸਖੀ ਯੋਜਨਾ ਦੀ ਕੀਤੀ ਸ਼ੁਰੂਆਤ।
- ਪ੍ਰਧਾਨ ਮੰਤਰੀ ਨੇ ਜੈਪੁਰ ਵਿੱਚ ,ਰਾਈਜ਼ਿੰਗ ਰਾਜਸਥਾਨ ਆਲਮੀ ਸਿਖਰ ਸੰਮੇਲਨ ਦਾ ਉਦਘਾਟਨ ਕੀਤਾ-ਕਿਹਾ ਭਾਰਤ, ਦੁਨੀਆ ਸਾਹਮਣੇ, ਲੋਕਤੰਤਰ, ਜਨਸੰਖਿਆ ਅਤੇ ਡਾਟੇ ਦੀ ਅਸਲ ਸ਼ਕਤੀ ਦਾ ਪ੍ਰਦਰਸ਼ਨ ਕਰ ਰਿਹਾ ਏ।

- ਸੀਮਾ ਸੁਰੱਖਿਆ ਬਲ ਨੇ ਘੁਸਪੈਠ ਦੀ ਕੋਸ਼ਿਸ਼ ਨੂੰ ਨਾਕਾਮ ਕਰਦਿਆਂ ਅੰਮ੍ਰਿਤਸਰ ਸਰਹੱਦ 'ਤੇ ਪਾਕਿਸਤਾਨੀ ਘੁਸਪੈਠੀਏ ਨੂੰ ਮਾਰ ਗਿਰਾਇਆ ।
- ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ 'ਪੰਜਾਬ ਸਟੇਟ (ਡਿਵੈਲਪਮੈਂਟ ਅਤੇ ਪ੍ਰਮੋਸ਼ਨ ਆਫ਼ ਸਪੋਰਟਸ) ਐਕਟ, 2024 ਨੂੰ ਲਾਗੂ ਕਰਨ ਵਾਲਾ, ਪੰਜਾਬ, ਦੇਸ਼ ਦਾ ਪਹਿਲਾ ਸੂਬਾ ਬਣਿਆ।